ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਕੋਵਿਡ-19 ਦੀ ਮਹਾਂਮਾਰੀ ਤੋਂ ਉਭਰਨ ਲਈ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ 140.40 ਲੱਖ ਦੀ ਸਬਸਿਡੀ ਜਾਰੀ

## ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੀ ਪਹਿਲ ਕਦਮੀ

## ਤਾਲਾਬੰਦੀ ਕਾਰਨ ਫਸੀ ਕਰਜ਼ਿਆਂ ਦੀ ਰਹਿੰਦੀ ਰਕਮ 323.91 ਲੱਖ ਵੰਡਣ ਦੀ ਕਾਰਵਾਈ ਕੀਤੀ ਆਰੰਭ

ਬਠਿੰਡਾ, 19 ਮਈ : ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਪ੍ਰਾਪਤ ਦਿਸ਼ਾ-ਨਿਰਦੇਸਾਂ ਅਨੁਸਾਰ ਅਨੁਸੂਚਿਤ ਜਾਤੀਆਂ ਦੇ ਗਰੀਬ ਪਰਿਵਾਰਾਂ ਨੂੰ ਆਪੋ ਆਪਣਾ ਰੁਜਗਾਰ ਸਥਾਪਤ ਕਰਨ ਲਈ ਬੈਂਕ ਟਾਈ ਅਪ ਸਕੀਮ ਤਹਿਤ 1404 ਲਾਭਪਾਤਰੀਆਂ ਨੂੰ ਆਪਣਾ ਰੁਜ਼ਗਾਰ ਸਥਾਪਤ ਕਰਨ ਲਈ 140.40 ਲੱਖ ਰੁਪਏ ਦੀ ਸਬਸਿਡੀ ਜਾਰੀ ਕਰ ਦਿੱਤੀ ਗਈ ਹੈ। ਜ਼ਿਲ੍ਹਾ ਮੈਨੇਜਰਾਂ ਨੂੰ ਇਹ ਸਬਸਿਡੀ ਸਬੰਧਤ ਲਾਭਪਾਤਰੀਆਂ ਦੇ ਖਾਤੇ ਵਿਚ ਪਾਉਣ ਲਈ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਇਨ੍ਹਾਂ ਲਾਭਪਾਤਰੀਆਂ ਨੂੰ ਆਉਣ ਵਾਲੇ ਕੁਝ ਦਿਨਾਂ ਵਿਚ ਆਪੋ-ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਲਗਭਗ ਅੱਠ ਤੋਂ ਨੌਂ ਕਰੋੜ ਰੁਪਏ ਦਾ ਕਰਜਾ ਬੈਂਕਾਂ ਦੁਆਰਾ ਪ੍ਰਾਪਤ ਹੋ ਜਾਵੇਗਾ। ਇਹ ਜਾਣਕਾਰੀ ਕਾਰਪੋਰੇਸ਼ਨ ਦੇ ਚੇਅਰਮੈਨ, ਇੰਜ: ਮੋਹਨ ਲਾਲ ਸੂਦ ਵਲੋਂ ਦਿੱਤੀ ਗਈ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸ਼੍ਰੀ ਸੂਦ ਨੇ ਦੱਸਿਆ ਕਿ ਕਰੋਨਾ ਵਾਈਰਸ ਦੀ ਮਹਾਂਮਾਰੀ ਦੌਰਾਨ ਸਾਰੇ ਸੰਸਾਰ 'ਚ ਆਰਥਿਕ ਤੌਰ 'ਤੇ ਬਹੁਤ ਹੀ ਨਕਾਰਾਤਮਕ ਪ੍ਰਭਾਵ ਪਿਆ ਹੈ। ਜਿਸ ਕਾਰਨ ਬਹੁਤ ਲੋਕਾਂ ਦੇ ਰੁਜ਼ਗਾਰਾਂ ਨੂੰ ਧੱਕਾ ਲੱਗਿਆ ਹੈ ਤੇ ਗਰੀਬ ਪਰਿਵਾਰਾਂ ਦੀ ਰੋਜੀ ਰੋਟੀ 'ਤੇ ਵੀ ਕਾਫ਼ੀ ਬੁਰਾ ਪ੍ਰਭਾਵ ਪਿਆ ਹੈ। ਸ੍ਰੀ ਸੂਦ ਨੇ ਕਾਰਪੋਰੇਸ਼ਨ ਦੀ ਇਸ ਪਹਿਲ ਕਦਮੀ ਮਹਾਂਮਾਰੀ ਦੇ ਇਸ ਭਿਆਨਕ ਸਮੇਂ 'ਚ ਇੱਕ ਬਹੁਤ ਵੱਡੀ ਰਾਹਤ ਦੇਣ ਵਾਲੀ ਕਾਰਵਾਈ ਦੱਸਿਆ ਹੈ।

ਇਸ ਤੋਂ ਇਲਾਵਾ ਕਾਰਪੋਰੇਸ਼ਨ ਵਲੋਂ ਆਪਣੀਆਂ ਹੋਰ ਸਕੀਮਾਂ ਅਧੀਨ ਵੀ ਸਾਲ 2019-20 ਦੌਰਾਨ 1235.24 ਲੱਖ ਰੁਪਏ ਦੇ ਕਰਜੇ ਮਨਜ਼ੂਰ ਕੀਤੇ ਗਏ ਸਨ ਜਿਨਾਂ ਵਿਚੋਂ 911.33 ਲੱਖ ਰੁਪਏ ਦੇ ਕਰਜੇ ਸਬੰਧਤ ਲਾਭਪਾਤਰੀਆਂ ਨੂੰ ਵੰਡੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮਾਰਚ ਮਹੀਨੇ 'ਚ ਕਰੋਨਾ ਵਾਈਰਸ ਦੇ ਕਾਰਨ ਹੋਈ ਤਾਲਾਬੰਦੀ ਦੇ ਦੌਰਾਨ ਜਿਹੜੇ ਕਰਜ਼ੇ ਵੰਡਣ ਤੋਂ ਰਹਿ ਗਏ ਸਨ ਹੁਣ ਜਲਦੀ ਵੰਡੇ ਜਾਣਗੇ। ਉਨ੍ਹਾਂ ਕਿਹਾ ਕਿ ਕਾਰਪੋਰੇਸ਼ਨ ਵਲੋਂ ਜਲਦੀ ਹੀ ਬਾਕੀ ਰਹਿੰਦੇ 323.91 ਲੱਖ ਰੁਪਏ ਦੇ ਕਰਜ਼ਿਆਂ ਦੀ ਅਦਾਇਗੀ ਕਰਨ ਦੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਚੇਅਰਮੈਨ ਸ਼੍ਰੀ ਸੂਦ ਵਲੋਂ ਕਾਰਪੋਰੇਸ਼ਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਮਿਹਨਤ ਤੇ ਲਗਨ ਨਾਲ ਕੰਮ ਕਰਨ ਦੀ ਭਾਵਨਾ ਦੀ ਵੀ ਸਰਾਹਨਾ ਕੀਤੀ ਗਈ ਜਿਸ ਕਾਰਨ ਕਰੋਨਾ ਦੀ ਮਹਾਂਮਾਰੀ ਦੇ ਦੌਰਾਨ ਵੀ ਕਾਰਪੋਰੇਸ਼ਨ ਦੇ ਸਮੁੱਚੇ ਸਟਾਫ਼ ਵਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੀਮਾਰੀ ਤੋਂ ਇਹਤਿਆਤ ਵਰਤਦੇ ਹੋਏ ਔਖੇ ਸਮੇਂ ਵਿਚ ਵੀ ਕਰੋਨਾ ਯੋਧਿਆਂ ਵਾਂਗ ਕੰਮ ਕੀਤਾ ਤੇ ਆਪਣੀ ਇੱਕ ਦਿਨ ਦੀ ਤਨਖਾਹ ਵੀ ਮੁੱਖ ਮੰਤਰੀ ਰਾਹਤ ਫੰਡ 'ਚ ਪਾਈ।

I/26016/2020

Scanned by CamScanner